**ਦਫਤਰ ਜਿਲਾ ਸਿੱਖਿਆ ਅਫਸਰ(ਸੈ:ਸਿ:) ਅੰਮ੍ਰਿਤਸਰ।**

ਵੱਲ,

ਸਮੂਹ ਪ੍ਰਿੰਸੀਪਲ/ਮੁੱਖਅਧਿਆਪਕ,
ਸਸਸਸ/ਸਹਸ/ਸਮਿਸ,
ਜਿਲਾ ਅੰਮ੍ਰਿਤਸਰ।

ਪੱਤਰ ਨੰ: ਜੀ-4/2017- 526-28
ਮਿਤੀ ਅੰਮ੍ਰਿਤਸਰ: 23/5/17

ਵਿਸ਼ਾ: ਡੇਂਗੂ ਅਤੇ ਮਲੇਰੀਆ ਦੇ ਬਚਾਉ ਲਈ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਅਤੇ ਦਫਤਰਾਂ ਵਿਚ ਹਫਤੇ ਦੇ ਹਰ ਸ਼ੁਕਰਵਾਰ ਨੂੰ ਡਰਾਈ ਡੇ ਰੱਖਣ ਦੇ ਸਬੰਧ ਵਿਚ।

ਉਪਰੋਕਤ ਵਿਸ਼ੇ ਦੇ ਸਬੰਧ ਵਿਚ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਲੋਂ ਡੇਂਗੂ ਅਤੇ ਮਲੇਰੀਆ ਦੇ ਬਚਾਉ ਸਬੰਧੀ ਹਦਾਇਤਾਂ ਜਾਰੀ ਕਰਦੇ ਹੋਏ ਲਿਖਿਆ ਜਾਂਦਾ ਹੈ ਕਿ ਡੇਂਗੂ ਅਤੇ ਚਿਕਨਗੁਨੀਆਂ ਦਾ ਮੱਛਰ ਸਾਫ ਅਤੇ ਖੜੇ ਪਾਣੀ ਵਿਚ ਪੈਦਾ ਹੁੰਦਾ ਹੈ ਜਿਵੇਂ ਕਿ ਕੂਲਰਾਂ,ਅਣਢੱਕੀਆਂ ਟੈਂਕੀਆਂ ,ਫਰਿਜਾ ਅਤੇ ਵੇਸਟ ਪਾਣੀ ਦੀਆਂ ਟਰੇਆ ,ਛੱਤਾਂ ਤੇ ਪਏ ਟੁੱਟੇ ਬਰਤਨਾਂ ਗਮਲੇ,ਅਤੇ ਟਾਇਰਾਂ ਆਦਿ।

ਡੇਂਗੂ ਅਤੇ ਚਿਕਨਗੁਨੀਆਂ ਦੀ ਰੋਕਥਾਮ ਲਈ ਅਤੇ ਮੱਛਰਾਂ ਦੀ ਪੈਦਾਇਸ਼ ਨੂੰ ਰੋਕਣ ਲਈ ਹਫਤੇ ਦੇ ਹਰ ਸ਼ੁਕਰਵਾਰ ਦੇ ਦਿਨ ਸਕੂਲਾਂ ਅਤੇ ਸਰਕਾਰੀ ਦਫਤਰਾਂ ਵਿਚ ਡਰਾਈ ਡੇ ਘੋਸ਼ਿਤ ਕੀਤਾ ਜਾਵੇ ਭਾਵ ਕਿ ਹਰ ਸ਼ੁਕਰਵਾਰ ਨੂੰ ਕੂਲਰਾਂ ਨੂੰ ਸਾਫ ਕਰਕੇ ਸੁਕਾਇਆ ਜਾਵੇ। ਪਾਣੀ ਦੀਆਂ ਟੈਂਕੀਆਂ ਦੇ ਢੱਕਣ ਚੈਕ ਕੀਤੇ ਜਾਣ ਤੇ ਟੁੱਟੇ ਹੋਏ ਬਰਤਨ ਅਤੇ ਪੁਰਾਣੇ ਟਾਇਰਾਂ ਵਿਚ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ।ਜੇਕਰ ਕਿਸੇ ਦਫਤਰ/ਸਕੂਲ ਵਿਚ ਚੈਕਿੰਗ ਦੌਰਾਨ ਮੱਛਰ ਦਾ ਲਾਰਵਾ ਪਾਇਆ ਗਿਆ ਤਾਂ ਐਮ .ਸੀ ਐਕਟ ਅਨੁਸਾਰ ਦਫਤਰ ਦੇ ਮੁੱਖੀ ਨੂੰ ਸਥਾਨਕ ਸਰਕਾਰ ਵਿਭਾਗ ਦੁਆਰਾ ਜੁਰਮਾਨਾ ਕੀਤਾ ਜਾਵੇਗਾ।

ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਦੀ ਹੈ ਕਿ ਡੇਂਗੂ/ਚਿਕਨਗੁਨੀਆਂ ਤੋਂ ਬਚਾਅ ਲਈ ਵਿਦਿਆਰਥੀਆਂ ਨੂੰ ਸਵੇਰ ਦੀ ਸਭਾਂ ਵਿਚ ਜਾਗਰੂਕ ਕੀਤਾ ਜਾਵੇ ਤਾਂ ਜੋ ਇਹਨਾਂ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕੇ।

ਉਪ ਜਿਲਾ ਸਿੱਖਿਆ ਅਫਸਰ (ਸੈ:ਸਿ:)
ਅੰਮ੍ਰਿਤਸਰ।
23/5/17

ਪਿੱਠ ਅੰਕਣ ਨੰ: ਉਕਤ

ਉਪਰੋਕਤ ਦਾ ਉਤਾਰਾ ਸੁਪਰਡੈਂਟ ਅਮਲਾ ਸ਼ਾਖਾ,ਲੇਖਾ ਸ਼ਾਖਾ,ਜਨਰਲ ਸ਼ਾਖਾ,ਅਡੀਟਰ ਨੂੰ (ਇਸ ਦਫਤਰ ਵਿਚ) ਇੰਨ ਬਿੰਨ ਪਾਲਣਾ ਹਿਤ ਭੇਜਿਆ ਜਾਦਾ ਹੈ।

ਸਹੀ/-
ਉਪ ਜਿਲਾ ਸਿੱਖਿਆ ਅਫਸਰ (ਸੈ:ਸਿ:)
ਅੰਮ੍ਰਿਤਸਰ